# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :04-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਕਾਰ ਨੇ ਕਿਹਾ -100 ਫੀਸਦੀ ਰਾਸ਼ਨ ਕਾਰਡ ਡਿਜੀਟਾਈਜ਼ ਕੀਤੇ ਗਏ ਨੇ ਅਤੇ 99 ਫੀਸਦੀ ਤੋਂ ਵੱਧ ਆਧਾਰ ਨਾਲ ਜੋੜ ਦਿਤੇ ਗਏ ਨੇ।

- ਕੈਂਸਰ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸਦੀ ਰੋਕਥਾਮ ਅਤੇ ਇਲਾਜ ਨੂੰ ਉਤਸ਼ਾਹਿਤ ਕਰਨ ਲਈ ਅੱਜ ਵਿਸ਼ਵ ਕੈਂਸਰ ਦਿਵਸ ਮਨਾਇਆ ਜਾ ਰਿਹਾ ਏ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ, ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਕੈਂਸਰ ਦੇ ਇਲਾਜ ਲਈ ਵੀ 10 ਲੱਖ

ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਉਣ ਦਾ ਕੀਤਾ ਐਲਾਨ।

- ਪੰਜਾਬ ਪੁਲਿਸ ਅਤੇ ਸੀਮਾ ਸੁਰੱਖਿਆ ਬਲ ਨੇ ਦੋ ਵੱਖ ਵੱਖ ਮਾਮਲਿਆਂ ਵਿਚ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਕਰੀਬ 9 ਕਿਲੋ ਹੈਰੋਇਨ ਸਮੇਤ ਚਾਰ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ।

- ਓਲੰਪੀਅਨ ਈਸ਼ਾ ਸਿੰਘ ਨੇ ਨਵੀਂ ਦਿਲੀ ਵਿਖੇ ਹੋ ਰਹੀ ਏਸ਼ੀਅਨ ਰਾਈਫਲ ਅਤੇ ਪਿਸਟਲ ਚੈਂਪੀਅਨਸ਼ਿਪ 'ਚ ਮਹਿਲਾ ਵਿਅਕਤੀਗਤ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ।

***ਹੁਣ ਖਬਰਾਂ ਵਿਸਥਾਰ ਨਾਲ***

ਸਰਕਾਰ ਨੇ ਕਿਹਾ ਏ ਕਿ 100 ਫੀਸਦੀ ਰਾਸ਼ਨ ਕਾਰਡ ਡਿਜੀਟਾਈਜ਼ ਕੀਤੇ ਗਏ ਨੇ ਅਤੇ 99 ਫੀਸਦੀ ਤੋਂ ਵੱਧ ਰਾਸ਼ਨ ਕਾਰਡ ਆਧਾਰ ਨਾਲ ਜੁੜੇ ਹੋਏ ਨੇ। ਅੱਜ ਲੋਕ ਸਭਾ ਵਿੱਚ ਇੱਕ ਪੂਰਕ ਸਵਾਲ ਦਾ ਜਵਾਬ ਦਿੰਦੇ ਹੋਏ, ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ, ਨਿਮੁਬੇਨ  ਬਾਭਨੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ

ਮੋਦੀ ਨੇ ਖੁਰਾਕ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਏ। ਉਨ੍ਹਾਂ ਦੱਸਿਆ ਕਿ ਸਰਕਾਰ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਤਹਿਤ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 81 ਕਰੋੜ ਤੋਂ ਵੱਧ ਲਾਭਪਾਤਰੀਆਂ ਨੂੰ ਮੁਫਤ ਅਨਾਜ ਪ੍ਰਦਾਨ ਕਰ ਰਹੀ ਏ। ਸ੍ਰੀਮਤੀ ਬੰਬਾਨੀਆ ਨੇ ਕਿਹਾ ਕਿ ਇਹ ਯੋਜਨਾ ਦੁਨੀਆ ਦਾ ਸਭ ਤੋਂ ਵੱਡਾ ਖੁਰਾਕ ਸੁਰੱਖਿਆ ਪ੍ਰੋਗਰਾਮ ਏ। ਉਨ੍ਹਾਂ ਕਿਹਾ ਕਿ ਇੱਕ ਰਾਸ਼ਟਰ, ਇੱਕ ਰਾਸ਼ਨ ਕਾਰਡ ਯੋਜਨਾ ਦੇ ਲਾਗੂ ਹੋਣ ਨਾਲ, ਪ੍ਰਵਾਸੀ ਕਾਮੇ ਹੁਣ ਦੇਸ਼ ਭਰ ਵਿੱਚ ਕਿਸੇ ਵੀ ਵਾਜਬ ਕੀਮਤ ਦੀ ਦੁਕਾਨ ਤੋਂ ਆਪਣਾ ਬਣਦਾ ਅਨਾਜ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇੱਕ ਰਾਸ਼ਟਰ, ਇੱਕ ਰਾਸ਼ਨ ਕਾਰਡ ਯੋਜਨਾ ਦੇ ਤਹਿਤ 201 ਕਰੋੜ ਤੋਂ ਵੱਧ ਪੋਰਟੇਬਿਲਟੀ ਲੈਣ-ਦੇਣ ਦਰਜ ਕੀਤਾ ਗਿਆ ਏ।

-----------------------------------------------------------

ਅੱਜ ਵਿਸ਼ਵ ਕੈਂਸਰ ਦਿਵਸ ਏ। ਇਹ ਦਿਨ ਹਰ ਸਾਲ 4 ਫਰਵਰੀ ਨੂੰ ਕੈਂਸਰ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸਦੀ ਰੋਕਥਾਮ, ਖੋਜ ਅਤੇ ਇਲਾਜ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਇਹ ਦਿਨ ਕੈਂਸਰ ਤੋਂ ਬਚੇ ਲੋਕਾਂ ਦਾ ਸਮਰਥਨ ਕਰਨ ਅਤੇ ਇੱਕ ਸਿਹਤਮੰਦ ਸਮਾਜ ਲਈ ਨਿਯਮਤ ਸਕ੍ਰੀਨਿੰਗ ਨੂੰ ਉਤਸ਼ਾਹਿਤ ਕਰਨ ਦਾ ਮੌਕਾ

ਪ੍ਰਦਾਨ ਕਰਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਹਰ ਜ਼ਿਲ੍ਹੇ ਵਿੱਚ ਕੈਂਸਰ ਡੇਅ ਕੇਅਰ ਯੂਨਿਟਾਂ ਦੀ ਸਥਾਪਨਾ ਅਤੇ ਜ਼ਰੂਰੀ ਕੈਂਸਰ ਦਵਾਈਆਂ 'ਤੇ ਕਸਟਮ ਡਿਊਟੀ ਤੋਂ ਛੋਟ ਮਰੀਜ਼ਾਂ ਨੂੰ ਵੱਡੀ ਰਾਹਤ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਆਯੁਸ਼ਮਾਨ ਅਰੋਗਿਆ ਮੰਦਰ ਵੱਡੇ ਪੱਧਰ 'ਤੇ ਸਕ੍ਰੀਨਿੰਗ ਰਾਹੀਂ ਕੈਂਸਰ ਦੇ ਇਲਾਜ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਨੇ , ਜਿਸ ਨਾਲ ਦੇਸ਼ ਭਰ ਵਿੱਚ ਜਲਦੀ ਪਤਾ ਲਗਾਉਣ ਅਤੇ ਸਮੇਂ ਸਿਰ ਇਲਾਜ ਨੂੰ ਸਮਰੱਥ ਬਣਾਇਆ ਜਾ ਸਕਦਾ ਏ । ਇਸ ਸਾਲ, ਵਿਸ਼ਵ ਕੈਂਸਰ ਦਿਵਸ ਦਾ ਥੀਮ "ਯੂਨਾਈਟਿਡ ਬਾਈ ਯੂਨੀਕ" ਰੱਖਿਆ ਗਿਆ ਏ , ਜਿਸਦਾ ਉਦੇਸ਼ ਲੋਕਾਂ ਨੂੰ ਦੇਖਭਾਲ ਦੇ ਕੇਂਦਰ ਵਿੱਚ ਰੱਖਣਾ ਏ।

---------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਹੁਣ ਕੈਂਸਰ ਦੇ ਇਲਾਜ ਲਈ ਵੀ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ ਜਿਸ ਨਾਲ ਸੂਬੇ ਭਰ ਦੇ ਕੈਂਸਰ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ। ਸਿਹਤ ਮੰਤਰੀ ਨੇ ਨਿਊ ਚੰਡੀਗੜ੍ਹ ਵਿੱਚ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ ਵਿਖੇ ਵਿਸ਼ਵ ਕੈਂਸਰ ਦਿਵਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਸੰਗਰੂਰ ਅਤੇ

ਨਿਊ ਚੰਡੀਗੜ੍ਹ ਵਿਖੇ ਸਥਾਪਤ ਦੋਵੇਂ ਅਧੁਨਿਕ ਕੈਂਸਰ ਸੰਸਥਾਵਾਂ ਰਾਜ ਲਈ ਵੱਡੀ ਅਣਮੁੱਲੀ ਸੰਪੱਤੀ ਬਣ ਕੇ ਉਭਰੀਆਂ ਨੇ ਜੋ ਵਿਸ਼ਵ-ਪੱਧਰੀ ਅਤੇ ਅਧੁਨਿਕ ਕੈਂਸਰ ਇਲਾਜ ਸਹੂਲਤਾਂ ਪ੍ਰਦਾਨ ਕਰ ਰਹੀਆਂ ਹਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਬਿਮਾਰੀ ਦੀ ਪਛਾਣ ਤੋਂ ਬਾਅਦ ਘਬਰਾਉਣ ਦੀ ਥਾਂ ਮਜ਼ਬੂਤ ਇਰਾਦੇ ਅਤੇ ਸਕਾਰਾਤਮਕ ਸੋਚ ਨਾਲ ਕੈਂਸਰ ਨਾਲ ਲੜਨਾ ਚਾਹੀਦਾ ਏ। ਸੰਸਥਾ ਵਿੱਚ ਬਲੱਡ ਕੈਂਸਰ ਨਾਲ ਬਹਾਦਰੀ ਨਾਲ ਲੜ ਰਹੇ 'ਲਿਟਲ ਵਾਰੀਅਰਜ਼' ਦਾ ਜ਼ਿਕਰ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਜ਼ਿੰਦਗੀ ਜਿਉਣ ਦੀ ਲਾਲਸਾ ਅਤੇ ਮਜ਼ਬੂਤ ਇਰਾਦਾ ਸਭ ਤੋਂ ਘਾਤਕ ਬਿਮਾਰੀ ਨੂੰ ਵੀ ਹਰਾ ਸਕਦਾ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤਮੰਦ ਜੀਵਨਸ਼ੈਲੀ, ਪੌਸ਼ਟਿਕ ਭੋਜਨ ਅਤੇ ਜਾਗਰੂਕਤਾ ਕੈਂਸਰ ਤੋਂ ਬਚਾਅ ਦੇ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਲੋਕਾਂ ਨੂੰ ਪੈਕਡ ਖਾਣਾ, ਰਿਫਾਇੰਡ ਤੇਲ ਅਤੇ ਤਲੇ ਹੋਏ ਪਦਾਰਥਾਂ ਤੋਂ ਬਚਣ ਅਤੇ ਤਮਾਕੂ, ਧੂਮਰਪਾਨ ਅਤੇ ਸ਼ਰਾਬ ਤੋਂ ਪੂਰੀ ਤਰ੍ਹਾਂ ਦੂਰ ਰਹਿਣ ਦੀ ਅਪੀਲ ਕੀਤੀ। ਵਿਸ਼ਵ ਕੈਂਸਰ ਦਿਵਸ ਮੌਕੇ ਸਟਾਫ਼ ਮੈਂਬਰਾਂ ਨੂੰ ਉਨ੍ਹਾਂ ਦੀ ਬਿਹਤਰ ਕਾਰਗੁਜ਼ਾਰੀ ਲਈ ਇਨਾਮ ਦਿੱਤੇ ਗਏ, ਨਾਲ ਹੀ ਰੰਗੋਲੀ ਅਤੇ ਪੋਸਟਰ ਮੁਕਾਬਲਿਆਂ ਦੇ ਜੇਤੂਆਂ ਨੂੰ ਵੀ ਸਨਮਾਨਿਤ ਕੀਤਾ ਗਿਆ। 'ਲਿਟਲ ਵਾਰੀਅਰਜ਼' ਨੂੰ ਉਨ੍ਹਾਂ ਦੀ

ਖ਼ੂਬਸੂਰਤ ਰੈਂਪ ਵਾਕ ਲਈ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁਫ਼ਤ ਕੈਂਸਰ ਜਾਂਚ ਕੈਂਪ ਵੀ ਲਗਾਇਆ ਗਿਆ।

---------------------------------------------------------

ਜ਼ਿਲ੍ਹਾ ਮਿਹਾਲੀ ਦੇ ਪਿੰਡ ਜੰਡਪੁਰ ਵਾਸੀ ਜਗਮੇਲ ਸਿੰਘ ਨੇ ਬੁਲੰਦ ਹੌਸਲੇ ਨਾਲ ਸਰਕੋਮਾ ਕੈਂਸਰ ਤੋਂ ਨਿਜਾਤ ਪਾਈ ਏ । ਆਕਾਸ਼ਵਾਣੀ ਜਲੰਧਰ ਨਾਲ ਆਪਣਾ ਤਜਰਬਾ ਸਾਂਝਾ ਕਰਦਿਆਂ ਉਨ੍ਹਾਂ ਕਿਹਾ ।

BYTE

---------------------------------------------------------

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪਾਵਨ ਪ੍ਰਕਾਸ਼ ਪੁਰਬ ਦੇ ਸਿਲਸਿਲੇ ;ਚ ਤਪ ਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੱਜ ਸੂਬਾ ਪੱਧਰੀ ਸਮਾਗਮ ਸ਼ਰਧਾ, ਸਤਿਕਾਰ ਅਤੇ ਪੂਰਨ ਧਾਰਮਿਕ ਮਰਿਆਦਾ ਨਾਲ ਸ਼ੁਰੂ ਹੋਇਆ। ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ, ਜਿਨ੍ਹਾਂ ਦੇ ਭੋਗ 6 ਫਰਵਰੀ ਨੂੰ ਪਾਏ ਜਾਣਗੇ। ਇਸ ਮੌਕੇ ਵੱਖ-ਵੱਖ ਸੰਤ ਮਹਾਂਪੁਰਖ, ਧਾਰਮਿਕ ਆਗੂ ਅਤੇ ਵੱਡੀ ਗਿਣਤੀ ’ਚ ਸੰਗਤ ਮੌਜੂਦ ਰਹੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ।

BYTE

---------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਵਾਰੇ ਮੰਤਰੀ  ਸੰਜੀਵ ਅਰੋੜਾ ਨੇ ਕਿਹਾ ਕਿ ਸਰਕਾਰ ਨੇ ਸੂਬੇ ਭਰ ਵਿੱਚ ਵਿਕਾਸ ਕਾਰਜਾਂ ਨੂੰ ਸਮਾਂਬੱਧ ਫ਼ੈਸਲੇ ਲੈਣ, ਪਾਰਦਰਸ਼ਤਾ ਅਤੇ ਨਿਰਵਿਘਨ ਅਮਲ ਵਿੱਚ ਲਿਆਉਣ ਨੂੰ ਯਕੀਨੀ ਬਣਾਉਣ ਲਈ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਪ੍ਰਸ਼ਾਸਨਿਕ, ਵਿੱਤੀ ਅਤੇ ਢਾਂਚਾਗਤ ਸੁਧਾਰ ਕੀਤੇ ਨੇ । ਸ਼ਹਿਰੀ ਸਥਾਨਕ ਸੰਸਥਾਵਾਂ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ

ਬਕਾਇਆ ਮਤਿਆਂ ਦਾ ਕਾਫੀ ਬੈਕਲਾਗ ਕਲੀਅਰ ਕੀਤਾ ਗਿਆ ਏ , 1100 ਬਕਾਇਆ ਮਤਿਆਂ ਵਿੱਚੋਂ ਪਿਛਲੇ 3 ਹਫਤਿਆਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਅਤੇ ਸ਼ਹਿਰੀ ਵਿਕਾਸ ਕਾਰਜਾਂ ਨੂੰ ਗਤੀ ਬਹਾਲ ਕਰਦੇ ਹੋਏ 900 ਬਕਾਇਆ ਮਤਿਆਂ ਨੂੰ ਕਲੀਅਰ ਕੀਤਾ ਗਿਆ ਹੈ। ਸ੍ਰੀ ਅਰੋੜਾ ਨੇ ਦੱਸਿਆ ਕਿ ਭੂਗੋਲਿਕ ਅਤੇ ਪ੍ਰਸ਼ਾਸਕੀ ਪੱਖਾਂ ਦੇ ਆਧਾਰ 'ਤੇ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਛੇ ਖੇਤਰਾਂ-ਅੰਮ੍ਰਿਤਸਰ, ਬਠਿੰਡਾ, ਫਿਰੋਜ਼ਪੁਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਵਿੱਚ ਮੁੜ ਤੋਂ ਕਾਇਮ ਕੀਤਾ ਗਿਆ ਏ । ਨਵੇਂ ਢਾਂਚੇ ਤਹਿਤ ਹਰੇਕ ਖੇਤਰ ਲਈ ਇੱਕ ਮੁੱਖ ਇੰਜੀਨੀਅਰ  ਨਿਯੁਕਤ ਕੀਤਾ ਗਿਆ ਏ , ਜੋ ਕਿ ਨਗਰ ਨਿਗਮਾਂ ਅਤੇ ਕੌਂਸਲਾਂ ਦੀ ਨਿਗਰਾਨੀ ਕਰਦਾ ਏ । ਇਸ ਤਰਕਸ਼ੀਲਤਾ ਦਾ ਉਦੇਸ਼ ਤਾਲਮੇਲ ਨੂੰ ਬਿਹਤਰ ਬਣਾਉਣਾ, ਖੇਤਰੀ-ਪੱਧਰ ਦੀ

ਨਿਗਰਾਨੀ ਨੂੰ ਵਧਾਉਣਾ ਅਤੇ ਪ੍ਰੋਜੈਕਟਾਂ ਲਾਗੂਕਰਨ ਵਿੱਚ ਤੇਜ਼ੀ ਲਿਆਉਣਾ ਏ।

-----------------------------------------------------------

ਅੰਮ੍ਰਿਤਸਰ ਦੀ ਕਾਊਂਟਰ ਇੰਟੈਲੀਜੈਂਸ ਟੀਮ ਨੇ ਸਰਹੱਦ ਪਾਰ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 5 ਕਿਲੋ ਹੈਰੋਇਨ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਸਾਰੇ ਮੁਲਜ਼ਮ ਅੰਮ੍ਰਿਤਸਰ ਦੇ ਪਿੰਡ ਦਾਓਕੇ ਦੇ ਵਸਨੀਕ ਨੇ। ਉਨ੍ਹਾਂ ਦਸਿਆ ਕਿ ਖੁਫੀਆ ਜਾਣਕਾਰੀ ਤਹਿਤ ਕਾਰਵਾਈ ਵਿੱਚ ਉਨ੍ਹਾਂ ਦੇ ਪਾਕਿਸਤਾਨ-ਅਧਾਰਤ ਤਸਕਰ ਨਾਲ ਸਬੰਧਾਂ ਦਾ ਖੁਲਾਸਾ ਹੋਇਆ ਏ। ਓਧਰ ਪੰਜਾਬ ਪੁਲਿਸ ਨੇ ਸੀਮਾ ਸੁਰੱਖਿਆ ਬਲ ਨਾਲ ਇਕ ਸਾਂਝੇ ਓਪਰੇਸ਼ਨ ਦੌਰਾਨ ਕਰੀਬ ਚਾਰ ਕਿਲੋ ਹੈਰੋਇਨ ਜ਼ਬਤ ਕੀਤੀ ਏ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਤਰਨਤਾਰਨ ਪੁਲਿਸ ਨੇ BSF ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਪਿੰਡ ਕਾਲੀਆਂ ਦੇ ਖੇਤਾਂ ਤੋਂ 3 ਕਿਲੋ 925 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਇੱਕ ਡਰੋਨ ਵੀ ਬਰਾਮਦ ਕੀਤਾ ਏ , ਜਿਸਦੀ ਵਰਤੋਂ ਪਾਕਿਸਤਾਨ ਸਥਿਤ ਤਸਕਰਾਂ ਵਲੋਂ ਸਰਹੱਦ ਪਾਰ ਤੋਂ ਖੇਪ ਭੇਜਣ ਲਈ ਕੀਤੀ ਗਈ ਸੀ।

ਸੰਚਾਲਨ ਵੇਰਵੇ ਸਾਂਝੇ ਕਰਦੇ ਹੋਏ, ਤਰਨ ਤਾਰਨ ਦੇ ਸੀਨੀਅਰ ਪੁਲਿਸ ਕਪਤਾਨ ਸੁਰੇਂਦਰ ਲਾਂਬਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ "ਬਾਜ਼ ਅਖ" ਐਂਟੀ-ਡਰੋਨ ਸਿਸਟਮ ਨੇ ਕਾਲੀਆਂ ਖੇਤਰ ਦੇ ਨੇੜੇ ਡਰੋਨ ਦੀ ਗਤੀਵਿਧੀ ਦਾ ਪਤਾ ਲਗਾਇਆ ਸੀ। ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਪੁਲਿਸ ਟੀਮਾਂ ਨੇ ਤੁਰੰਤ ਬੀ.ਐਸ.ਐਫ ਨੂੰ ਸੂਚਿਤ ਕੀਤਾ ਅਤੇ ਸਾਂਝੇ ਤੌਰ 'ਤੇ ਮੁਹਿੰਮ ਸ਼ੁਰੂ ਕੀਤੀ ਜਿਸ ਨਾਲ ਹੈਰੋਇਨ ਦੀ ਖੇਪ ਨਾਲ ਭਰੇ ਡਰੋਨ ਨੂੰ ਬੇਅਸਰ ਕੀਤਾ ਗਿਆ, ਜੋ ਬਾਅਦ ਵਿੱਚ ਖੇਤੀਬਾੜੀ ਦੇ ਖੇਤਾਂ ਤੋਂ ਬਰਾਮਦ ਕੀਤਾ ਗਿਆ।

-----------------------------------------------------

ਪੁਲਿਸ ਨੇ ਬੀਤੇ ਦਿਨੀ ਮੋਹਾਲੀ ਦੀ ਜ਼ਿਲ੍ਹਾ ਅਦਾਲਤ ਦੇ ਬਾਹਰ ਪੇਸ਼ੀ ਭੁਗਤਣ ਆਏ ਇੱਕ ਵਿਅਕਤੀ ਗੁਰਵਿੰਦਰ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਕਾਤਲਾਂ ਦੀ ਮਦਦ ਕਰਨ ਵਾਲੇ ਦੋ ਵਿਅਕਤੀਆਂ ਨੂੰ  ਗ੍ਰਿਫਤਾਰ ਕੀਤਾ ਏ । ਅੱਜ ਪ੍ਰੈਸ ਕਾਨਫਰੰਸ ਦੌਰਾਨ ਮੁਹਾਲੀ ਦੇ ਐਸ.ਐਸ.ਪੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਇਨਾ ਦੀ ਪਛਾਣ ਫਰੀਦਕੋਟ ਦੇ ਬਲਤੇਜ ਸਿੰਘ ਉਰਫ ਬੰਟੀ ਅਤੇ ਫਾਜ਼ਿਲਕਾ ਦੇ ਮੰਗਤ ਸਿੰਘ ਉਰਫ ਮੈਕਸ ਵਜੋਂ ਹੋਈ ਏ । ਇਨ੍ਹਾਂ ਦੋਵਾਂ ਨੇ ਸ਼ੂਟਰਾਂ ਦੀ ਮਦੱਦ ਕੀਤੀ ਸੀ। ਜਦੋਂ ਗੁਰਵਿੰਦਰ ਗੈਰੀ ਨੂੰ ਗੋਲੀਆਂ ਮਾਰ ਕੇ ਕਤਲ ਕਰਨ ਤੋਂ ਬਾਅਦ ਕਾਤਲ ਮੋਟਰਸਾਈਕਲ 'ਤੇ ਭੱਜੇ ਸਨ ਅਤੇ ਇੱਥੋਂ ਕੁਝ ਦੂਰੀ 'ਤੇ ਜਾ ਕੇ ਉਨ੍ਹਾਂ ਨੇ

ਮੋਟਰਸਾਈਕਲ ਛੱਡ ਦਿੱਤਾ ਅਤੇ ਇੰਨਾ ਵਿਅਕਤੀਆਂ ਨੇ ਸ਼ੂਟਰਾਂ ਨੂੰ ਕਾਰ ਮੁਹੱਈਆ ਕਰਵਾਈ ਸੀ। ਉਸ ਦਿਨ ਤੋਂ ਹੀ ਪੁਲਿਸ ਕਾਤਲਾਂ ਦਾ ਪਿੱਛਾ ਕਰਦੀ ਹੋਈ ਇਨਾਂ ਵਿਅਕਤੀਆਂ ਤੱਕ ਪਹੁੰਚੀ ਅਤੇ ਰਾਜਸਥਾਨ ਅਤੇ ਫਾਜ਼ਿਲਕਾ ਪੁਲਿਸ ਦੀ ਮਦਦ ਨਾਲ ਇਨਾ ਦੋਵਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਏ । ssp ਨੇ ਦਸਿਆ ਕਿ ਵਾਰਦਾਤ ਵਿੱਚ ਵਰਤਿਆ ਗਿਆ ਮੋਟਰਸਾਈਕਲ ਅਤੇ ਕਾਰ ਬਰਾਮਦ ਕਰ ਲਈ ਏ । ਐਸ.ਐਸ.ਪੀ ਨੇ ਕਿਹਾ ਕਿ ਇਸ ਕਤਲ ਮਾਮਲੇ ਵਿੱਚ ਸਤਿੰਦਰਜੀਤ ਸਿੰਘ ਉਰਫ ਗੋਲਡੀ ਬਰਾੜ ਅਤੇ ਵਿੱਕੀ ਸਿੰਘ ਉਰਫ ਵਿੱਕੀ ਅਤੇ ਰਵੀ ਕੁਮਾਰ ਉਰਫ ਰਵੀ ਫਰੀਦਕੋਟੀਆ ਅਤੇ ਦੋ ਸ਼ੂਟਰਾਂ ਨੂੰ ਵੀ ਨਾਮਜ਼ਦ ਕੀਤਾ ਗਿਆ ਹੈਏ । ਉਨ੍ਹਾਂ ਕਿਹਾ ਕਿ ਕਾਤਲਾਂ ਨੂੰ ਵੀ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

BYTE

---------------------------------------------------------------

ਪੰਜਾਬ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਡਾਇਰੈਕਟਰ ਸੇਵਾਮੁਕਤ ਬ੍ਰਿਗੇਡੀਅਰ ਭੁਪਿੰਦਰ ਸਿੰਘ ਨੇ ਫਤਹਿਗੜ੍ਹ ਸਾਹਿਬ ਦੇ ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਮਾਲੀ ਮਦਦ ਦੇ ਚੈੱਕ ਵੰਡੇ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ

ਸੁਣੀਆਂ ਅਤੇ ਸਮੱਸਿਆ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਲਈ, ਦਫਤਰੀ ਕਰਮਚਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ। ਇਸ ਤੋਂ ਪਹਿਲਾਂ ਉਨ੍ਹਾਂ ਦਫਤਰ ਵਿਖੇ ਚੱਲ ਰਹੇ ਸੈਨਿਕ ਵੋਕੇਸ਼ਨਲ ਸੈਂਟਰ ਵਿੱਚ ਕੰਪਿਊਟਰ ਕੋਰਸ ਅਤੇ ਪ੍ਰੀ-ਰਿਕਰੂਟਮੈਂਟ ਦਾ ਵੀ ਲਿਆ । ਦਫਤਰ ਦੀ ਕਾਰਗੁਜਾਰੀ ਦੀ ਪ੍ਰਸੰਸਾ ਕਰਦੇ ਹੋਏ ਸਮੂਹ ਸਟਾਫ ਦੀ ਹੌਸਲਾ ਅਫਜਾਈ ਕੀਤੀ।

---------------------------------------------------------------

ਪੰਜਾਬੀ ਯੂਨੀਵਰਸਿਟੀ ਦੀ ਮਹਿਲਾ ਹਾਕੀ ਟੀਮ ਨੇ ਉੜੀਸਾ ਦੇ ਭੁਵਨੇਸ਼ਵਰ ਵਿੱਚ ਕਾਲਿੰਗਾ ਇੰਸਟੀਚਿਊਟ ਆਫ਼ ਇਨਫਰਮੇਸ਼ਨ ਐਂਡ ਟੈਕਨੋਲਜੀ ਵਿਖੇ ਕਰਵਾਏ ਗਏ ਸਰਬ-ਭਾਰਤੀ ਅੰਤਰ-ਵਰਸਿਟੀ ਮੁਕਾਬਲਿਆਂ ਦੌਰਾਨ ਕਾਂਸੀ ਤਗ਼ਮਾ ਜਿਤਿਆ ਏ । ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਸਮੁੱਚੀ ਟੀਮ, ਉਨ੍ਹਾਂ ਦੀ ਕੋਚ ਅਤੇ ਖੇਡ ਵਿਭਾਗ ਨੂੰ ਵਧਾਈ ਦਿੰਦਿਆਂ ਹੋਇਆ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਲੜਕੀਆਂ ਵੱਲੋਂ ਕੀਤੀਆਂ ਜਾਂਦੀਆਂ ਪ੍ਰਾਪਤੀਆਂ ਹੋਰ ਵੀ ਜ਼ਿਆਦਾ ਮਾਇਨੇ ਰੱਖਦੀਆਂ ਨੇ ਕਿਉਂਕਿ ਅਜਿਹਾ ਕਰਨ ਨਾਲ ਹੋਰਨਾ ਲੜਕੀਆਂ ਨੂੰ ਵੀ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਉਤਸਾਹ ਮਿਲਦਾ ਏ । ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੂੰ ਆਪਣੀਆਂ ਹੋਣਹਾਰ ਖਿਡਾਰਨਾਂ ਉੱਤੇ ਮਾਣ ਏ ।

ਮੈਚ ਦੌਰਾਨ ਪਵਨਪ੍ਰੀਤ ਕੌਰ ਅਤੇ ਸੁਖਵੀਰ ਕੌਰ ਨੇ ਪੰਜਾਬੀ ਯੂਨੀਵਰਸਿਟੀ ਲਈ ਜੇਤੂ ਗੋਲ ਕੀਤੇ। ਪੰਜਾਬੀ ਯੂਨੀਵਰਸਿਟੀ ਦੀ ਟੀਮ ਨੇ ਆਈ.ਐਮ.ਟੀ. ਗਵਾਲੀਅਰ ਨੂੰ 2-1 ਨਾਲ ਹਰਾ ਕੇ ਇਹ ਸਥਾਨ ਪ੍ਰਾਪਤ ਕਰਨ ਵਿਚ ਸਫਲਤਾ ਪ੍ਰਾਪਤ ਕੀਤੀ।

-------------------------------------------------------------

ਓਲੰਪੀਅਨ ਈਸ਼ਾ ਸਿੰਘ ਨੇ ਏਸ਼ੀਅਨ ਰਾਈਫਲ ਅਤੇ ਪਿਸਟਲ ਚੈਂਪੀਅਨਸ਼ਿਪ ਦੇ ਪਹਿਲੇ ਦਿਨ ਦਿੱਲੀ ਦੇ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿਖੇ ਮਹਿਲਾ ਵਿਅਕਤੀਗਤ 10 ਮੀਟਰ ਏਅਰ ਪਿਸਟਲ ਮੁਕਾਬਲੇ ਦੇ ਫਾਈਨਲ ਵਿੱਚ ਸੋਨੇ ਦਾ ਤਮਗਾ ਜਿੱਤਿਆ । 21 ਸਾਲਾ ਈਸ਼ਾ ਨੇ ਫਾਈਨਲ ਵਿੱਚ 239.8 ਦਾ ਸਕੋਰ ਕਰਕੇ ਪਿੱਛੇ ਰਹਿਣ ਦੇ ਬਾਵਜੂਦ ਚੰਗੀ ਵਾਪਸੀ ਕਰਦਿਆਂ ਆਪਣਾ ਦੂਜਾ ਵਿਅਕਤੀਗਤ ਸੀਨੀਅਰ ਏਸ਼ੀਅਨ ਚੈਂਪੀਅਨਸ਼ਿਪ ਸੋਨ ਤਮਗਾ ਜਿੱਤਿਆ। ਈਸ਼ਾ, ਓਲੰਪਿਕ ਤਗਮਾ ਜੇਤੂ ਮਨੂ ਭਾਕਰ ਅਤੇ ਸੁਰੂਚੀ ਸਿੰਘ ਦੀ ਤਿੱਕੜੀ ਨੇ ਮਹਿਲਾ ਟੀਮ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਕੁੱਲ 1726 ਦੇ ਸਕੋਰ ਨਾਲ ਸੋਨੇ ਦਾ ਤਮਗਾ ਜਿੱਤਿਆ। ਦੂਜੇ ਪਾਸੇ, ਵਿਸ਼ਵ ਚੈਂਪੀਅਨ ਸਮਰਾਟ ਰਾਣਾ ਨੂੰ ਮਰਦਾਂ ਦੇ ਵਿਅਕਤੀਗਤ 10 ਮੀਟਰ ਏਅਰ ਪਿਸਟਲ ਮੁਕਾਬਲੇ ਦੇ ਫਾਈਨਲ ਵਿੱਚ ਕਾਂਸੀ ਦੇ ਤਗਮੇ ਨਾਲ ਸਬਰ ਕਰਨਾ ਪਿਆ।

-----------------------------------------------------

ਪੰਜਾਬ ਹੋਮ ਗਾਰਡਜ਼ ਦੇ ਵਿਸ਼ੇਸ਼ ਡੀ.ਜੀ.ਪੀ ਅਤੇ ਸਿਵਲ ਡਿਫੈਂਸ ਡਾਇਰੈਕਟਰ ਸੰਦੀਪ ਕਪੂਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਤੋਂ 10 ਫਰਵਰੀ ਤੱਕ ਸਿਵਲ ਡਿਫੈਂਸ ਕਮਿਊਨਿਟੀ ਬਿਲਡਿੰਗ ਪ੍ਰੋਗਰਾਮ ਦੀ ਸ਼ੁਰੂਆਤ ਅੱਜ ਪਿੰਡ ਸੋਹਾਣਾ ਸਥਿਤ ਰਤਨ ਇੰਸਟੀਚਿਊਟ  ਵਿਖੇ ਕੀਤੀ ਗਈ । ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ 360 ਆਮ ਲੋਕਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ । ਇਸ  7 ਦਿਨ ਦੀ ਟ੍ਰੇਨਿੰਗ ਪ੍ਰੋਗਰਾਮ ਵਿੱਚ ਸਿਖਿਆਰਥੀਆਂ ਨੂੰ ਸਿਵਲ ਡਿਫੈਂਸ ਦੀ ਮੁੱਢਲੀ ਸਿਖਲਾਈ ਫਸਟ-ਏਡ, ਬਚਾਅ ਅਤੇ ਭਾਲ , ਫਾਇਰ ਫਾਈਟਿੰਗ ਅਤੇ ਹੋਰ ਕੁਦਰਤੀ ਅਤੇ ਮਨੁੱਖੀ ਆਫ਼ਤਾਂ ਨਾਲ ਨਜਿੱਠਣ ਲਈ ਮੁੱਢਲੀ ਸਿਖਲਾਈ ਦਿੱਤੀ ਜਾਵੇਗੀ।

-----------------------------------------------------

- ਸਰਕਾਰ ਨੇ ਕਿਹਾ -100 ਫੀਸਦੀ ਰਾਸ਼ਨ ਕਾਰਡ ਡਿਜੀਟਾਈਜ਼ ਕੀਤੇ ਗਏ ਨੇ ਅਤੇ 99 ਫੀਸਦੀ ਤੋਂ ਵੱਧ ਆਧਾਰ ਨਾਲ ਜੋੜ ਦਿਤੇ ਗਏ ਨੇ ।
- ਕੈਂਸਰ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸਦੀ ਰੋਕਥਾਮ ਅਤੇ ਇਲਾਜ ਨੂੰ ਉਤਸ਼ਾਹਿਤ ਕਰਨ ਲਈ ਅੱਜ ਵਿਸ਼ਵ ਕੈਂਸਰ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ, ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਕੈਂਸਰ ਦੇ ਇਲਾਜ ਲਈ ਵੀ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਉਣ ਦਾ ਕੀਤਾ ਐਲਾਨ।

- ਪੰਜਾਬ ਪੁਲਿਸ ਅਤੇ ਸੀਮਾ ਸੁਰੱਖਿਆ ਬਲ ਨੇ ਦੋ ਵੱਖ ਵੱਖ ਮਾਮਲਿਆਂ ਵਿਚ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਕਰੀਬ 9 ਕਿਲੋ ਹੈਰੋਇਨ ਸਮੇਤ ਚਾਰ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ।

- ਓਲੰਪੀਅਨ ਈਸ਼ਾ ਸਿੰਘ ਨੇ ਨਵੀਂ ਦਿਲੀ ਵਿਖੇ ਹੋ ਰਹੀ ਏਸ਼ੀਅਨ ਰਾਈਫਲ ਅਤੇ ਪਿਸਟਲ ਚੈਂਪੀਅਨਸ਼ਿਪ 'ਚ ਮਹਿਲਾ ਵਿਅਕਤੀਗਤ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**